# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 20-05-2025**

• ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ-ਇੱਕ ਸਿਹਤਮੰਦ ਦੁਨੀਆ ਦਾ ਭਵਿੱਖ, ਸ਼ਮੂਲੀਅਤ, ਏਕੀਕ੍ਰਿਤ ਦ੍ਰਿਸ਼ਟੀਕੋਣ ਅਤੇ ਸਹਿਯੋਗ 'ਤੇ ਨਿਰਭਰ ਕਰਦਾ ਏ।

• ਸੀਮਾ ਸੁਰੱਖਿਆ ਬਲ ਵਲੋਂ ਪੰਜਾਬ ਸਰਹੱਦ ਦੇ ਨਾਲ ਲੱਗਦੀਆਂ ਤਿੰਨੇਂ ਸਾਂਝੀਆਂ ਚੈੱਕ ਪੋਸਟਾਂ 'ਤੇ ਰਿਟਰੀਟ ਸਮਾਗਮ ਆਮ ਲੋਕਾਂ ਲਈ ਕੱਲ੍ਹ ਤੋਂ ਦੁਬਾਰਾ ਸ਼ੁਰੂ ਕੀਤਾ ਜਾਵੇਗਾ।

• ਵਿਸ਼ਵ ਸਿਹਤ ਸੰਗਠਨ ਨੇ ਭਾਰਤ ਨੂੰ ਜਨਤਕ ਸਿਹਤ ਸਮੱਸਿਆ ਵਜੋਂ ਟ੍ਰੈਕੋਮਾ ਦੇ ਖਾਤਮੇ ਬਾਰੇ ਸਰਟੀਫਿਕੇਟ ਨਾਲ ਨਿਵਾਜਿਆ।

• ਕੇਂਦਰੀ ਸਮਾਜਿਕ ਨਿਆਂ, ਸ਼ਕਤੀਕਰਨ ਅਤੇ ਘੱਟ ਗਿਣਤੀ ਵਿਭਾਗ ਵੱਲੋਂ ਪਟਿਆਲਾ ਸਥਿਤ ਪੰਜਾਬੀ ਯੂਨੀਵਰਸਿਟੀ ਵਿੱਚ ਦੋ ਨਵੇਂ ਹੋਸਟਲਾਂ ਦੇ ਨਿਰਮਾਣ ਨੂੰ ਮਨਜ਼ੂਰੀ ਦਿੱਤੀ ਗਈ।

• ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਗੁਰਤਾ-ਗੱਦੀ ਦਿਵਸ ਸ਼ਰਧਾ ਭਾਵ ਨਾਲ ਮਨਾਇਆ ਗਿਆ।

- IPL ਕ੍ਰਿਕਟ ਵਿੱਚ, ਚੇਨਈ ਸੁਪਰ ਕਿੰਗਜ਼ ਦਾ ਮੁਕਾਬਲਾ ਅੱਜ ਰਾਜਸਥਾਨ ਰਾਇਲਜ਼ ਨਾਲ ਹੋਵੇਗਾ ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਇੱਕ ਸਿਹਤਮੰਦ ਦੁਨੀਆ ਦਾ ਭਵਿੱਖ, ਸ਼ਮੂਲੀਅਤ, ਏਕੀਕ੍ਰਿਤ ਦ੍ਰਿਸ਼ਟੀਕੋਣ ਅਤੇ ਸਹਿਯੋਗ 'ਤੇ ਨਿਰਭਰ ਕਰਦਾ ਏ । ਉਨ੍ਹਾਂ ਨੇ ਇਹ ਵੀ ਉਜਾਗਰ ਕੀਤਾ ਕਿ ਗਲੋਬਲ ਸਾਊਥ, ਸਿਹਤ ਚੁਣੌਤੀਆਂ ਤੋਂ ਖਾਸ ਤੌਰ 'ਤੇ ਪ੍ਰਭਾਵਿਤ ਏ । ਪ੍ਰਧਾਨ ਮੰਤਰੀ ਨੇ ਇਹ ਟਿੱਪਣੀਆਂ ਵਿਸ਼ਵ ਸਿਹਤ ਅਸੈਂਬਲੀ ਦੇ 78ਵੇਂ ਸੈਸ਼ਨ ਨੂੰ ਵਰਚੁਅਲ ਤੌਰ 'ਤੇ ਸੰਬੋਧਨ ਕਰਦੇ ਹੋਏ ਕੀਤੀਆਂ, ਜੋ ਇਸ ਮਹੀਨੇ 19 ਤੋਂ 27 ਤਰੀਕ ਤੱਕ ਸਵਿਟਜ਼ਰਲੈਂਡ ਦੇ ਜੇਨੇਵਾ ਵਿੱਚ ਆਯੋਜਿਤ ਕੀਤਾ ਜਾ ਰਿਹਾ ਏ । ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਸ਼ਮੂਲੀਅਤ ਭਾਰਤ ਦੇ ਸਿਹਤ ਸੁਧਾਰਾਂ ਦੇ ਮੂਲ ਵਿੱਚ ਏ ਕਿਉਂਕਿ ਸਰਕਾਰ ਨੇ ਦੇਸ਼ ਭਰ ਵਿੱਚ ਹਜ਼ਾਰਾਂ ਸਿਹਤ ਅਤੇ ਤੰਦਰੁਸਤੀ ਕੇਂਦਰਾਂ ਦਾ ਇੱਕ ਵਿਸ਼ਾਲ ਨੈੱਟਵਰਕ ਸਥਾਪਤ ਕੀਤਾ ਏ । ਸ੍ਰੀ ਮੋਦੀ ਨੇ ਕਿਹਾ ਕਿ ਦੁਨੀਆ ਦੀ ਸਭ ਤੋਂ ਵੱਡੀ ਸਿਹਤ ਬੀਮਾ ਯੋਜਨਾ ਆਯੁਸ਼ਮਾਨ ਭਾਰਤ ਜੋ 58 ਕਰੋੜ ਲੋਕਾਂ ਨੂੰ ਕਵਰ ਕਰਦੀ ਏ, ਨੂੰ ਮੁਫ਼ਤ ਇਲਾਜ ਪ੍ਰਦਾਨ ਕਰਨ ਲਈ ਚਲਾਇਆ ਜਾ ਰਿਹਾ ਏ । ਉਨ੍ਹਾਂ ਨੇ ਭਾਰਤ ਦੇ ਹਜ਼ਾਰਾਂ ਸਿਹਤ ਅਤੇ ਤੰਦਰੁਸਤੀ ਕੇਂਦਰਾਂ ਦੇ

ਵਿਆਪਕ ਨੈੱਟਵਰਕ ਨੂੰ ਉਜਾਗਰ ਕੀਤਾ ਜੋ ਕੈਂਸਰ, ਸ਼ੂਗਰ ਅਤੇ ਹਾਈਪਰਟੈਨਸ਼ਨ ਵਰਗੀਆਂ ਬਿਮਾਰੀਆਂ ਦੀ ਸ਼ੁਰੂਆਤੀ ਜਾਂਚ ਅਤੇ ਖੋਜ ਦੀ ਸਹੂਲਤ ਦਿੰਦੇ ਹਨ। ਉਨ੍ਹਾਂ ਨੇ ਭਾਰਤ ਦੀ ਮੁਫਤ ਟੈਲੀਮੈਡੀਸਨ ਸੇਵਾ ਨੂੰ ਉਜਾਗਰ ਕੀਤਾ । ਸ਼੍ਰੀ ਮੋਦੀ ਨੇ ਭਾਰਤ ਦੀ ਆਪਣੀ ਸਿੱਖਿਆ ਅਤੇ ਸਭ ਤੋਂ ਵਧੀਆ ਅਭਿਆਸਾਂ ਨੂੰ ਦੁਨੀਆ, ਖਾਸ ਕਰਕੇ ਗਲੋਬਲ ਸਾਊਥ ਨਾਲ ਸਾਂਝਾ ਕਰਨ ਦੀ ਇੱਛਾ ਵੀ ਪ੍ਰਗਟ ਕੀਤੀ। ਇਸ ਸਾਲ ਦੇ ਥੀਮ, 'ਸਿਹਤ ਲਈ ਇੱਕ ਵਿਸ਼ਵ' ਨੂੰ ਉਜਾਗਰ ਕਰਦੇ ਹੋਏ, ਸ਼੍ਰੀ ਮੋਦੀ ਨੇ ਜ਼ੋਰ ਦਿੱਤਾ ਕਿ ਇਹ ਥੀਮ ਵਿਸ਼ਵ ਸਿਹਤ ਲਈ ਭਾਰਤ ਦੇ ਦ੍ਰਿਸ਼ਟੀਕੋਣ ਨਾਲ ਮੇਲ ਖਾਂਦਾ ਏ । ਯੋਗ ਦਿਵਸ ਬਾਰੇ ਗੱਲ ਕਰਦਿਆਂ ਸ਼੍ਰੀ ਮਕੋਦੀ ਨੇ ਕਿਹਾ । **BYTE:**
ਉਨ੍ਹਾਂ ਨੇ ਵਿਸ਼ਵ ਸਿਹਤ ਸੰਗਠਨ ਅਤੇ ਸਾਰੇ ਮੈਂਬਰ ਦੇਸ਼ਾਂ ਨੂੰ ਅੰਤਰ-ਸਰਕਾਰੀ ਗੱਲਬਾਤ ਸੰਸਥਾ ਸੰਧੀ ਦੀ ਸਫਲ ਗੱਲਬਾਤ 'ਤੇ ਵਧਾਈ ਵੀ ਦਿੱਤੀ । **BYTE**:
ਸ਼੍ਰੀ ਮੋਦੀ ਨੇ ਇਸਨੂੰ ਭਵਿੱਖ ਦੀਆਂ ਮਹਾਂਮਾਰੀਆਂ ਨਾਲ ਲੜਨ ਲਈ ਇੱਕ ਸਾਂਝੀ ਵਚਨਬੱਧਤਾ ਵਜੋਂ ਦਰਸਾਇਆ । ਉਨ੍ਹਾਂ ਨੇ ਇੱਕ ਸਿਹਤਮੰਦ ਧਰਤੀ ਬਣਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ ।

--------------------------------------------------------

ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਆਪ੍ਰੇਸ਼ਨ ਸਿੰਦੂਰ 'ਤੇ ਭਾਰਤ

ਦਾ ਰੁਖ ਪੇਸ਼ ਕਰਨ ਲਈ ਦੁਨੀਆ ਭਰ ਦੇ ਦੇਸ਼ਾਂ ਦਾ ਦੌਰਾ ਕਰਨ ਵਾਲੇ ਸਰਬ-ਪਾਰਟੀ ਸੰਸਦ ਮੈਂਬਰਾਂ ਦੇ ਵਫ਼ਦ ਨੂੰ ਜਾਣਕਾਰੀ ਦਿੱਤੀ। ਇਸ ਤੋਂ ਪਹਿਲਾਂ, ਸਰਕਾਰ ਨੇ ਆਪ੍ਰੇਸ਼ਨ ਸਿੰਦੂਰ 'ਤੇ ਪਾਕਿਸਤਾਨ ਦੀ ਹਿਮਾਇਤ ਵਾਲੀ ਦਹਿਸ਼ਤਗਰਦੀ ਵਿਰੁੱਧ ਭਾਰਤ ਦੇ ਸਖ਼ਤ ਰੁਖ ਨੂੰ ਪੇਸ਼ ਕਰਨ ਲਈ ਵੱਖ-ਵੱਖ ਦੇਸ਼ਾਂ ਵਿੱਚ ਇੱਕ ਬਹੁ-ਪਾਰਟੀ ਵਫ਼ਦ ਭੇਜਣ ਦਾ ਐਲਾਨ ਕੀਤਾ ਸੀ। ਅਜਿਹੇ ਸੱਤ ਵਫ਼ਦ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦੇ ਮੈਂਬਰ ਦੇਸ਼ਾਂ ਸਮੇਤ ਮੁੱਖ ਭਾਗੀਦਾਰ ਦੇਸ਼ਾਂ ਦਾ ਦੌਰਾ ਕਰਨਗੇ। 59 ਸੰਸਦ ਮੈਂਬਰਾਂ ਦਾ ਵਫ਼ਦ ਕੁੱਲ 32 ਦੇਸ਼ਾਂ ਦਾ ਦੌਰਾ ਕਰੇਗਾ। ਇਹ ਦੌਰਾ 23 ਮਈ ਨੂੰ ਸ਼ੁਰੂ ਹੋਵੇਗਾ ਅਤੇ 1 ਜੂਨ ਤੱਕ ਜਾਰੀ ਰਹੇਗਾ। ਇਨ੍ਹਾਂ ਦੇਸ਼ਾਂ ਵਿੱਚ ਅਮਰੀਕਾ, ਸਾਊਦੀ ਅਰਬ, ਬਹਿਰੀਨ, ਕੁਵੈਤ, ਅਲਜੀਰੀਆ, ਬਰਤਾਨੀਆ , ਫਰਾਂਸ, ਜਰਮਨੀ, ਇਟਲੀ, ਡੈਨਮਾਰਕ, ਗੁਆਨਾ, ਬ੍ਰਾਜ਼ੀਲ, ਕੋਲੰਬੀਆ, ਦੱਖਣੀ ਕੋਰੀਆ, ਜਾਪਾਨ ਅਤੇ ਸਿੰਗਾਪੁਰ ਸ਼ਾਮਲ ਹਨ। ਵਫ਼ਦ ਦੀ ਅਗਵਾਈ ਕਾਂਗਰਸ ਦੇ ਸੰਸਦ ਮੈਂਬਰ ਸ਼ਸ਼ੀ ਥਰੂਰ, BJP ਸੰਸਦ ਮੈਂਬਰ ਰਵੀਸ਼ੰਕਰ ਪ੍ਰਸਾਦ, ਜਨਤਾ ਦਲ ਯੂਨਾਈਟਿਡ ਦੇ ਸੰਸਦ ਮੈਂਬਰ ਸੰਜੇ ਕੁਮਾਰ ਝਾਅ, BJP ਸੰਸਦ ਮੈਂਬਰ ਬੈਜਯੰਤ ਪਾਂਡਾ, ਡੀ.ਐੱਮ.ਕੇ ਸੰਸਦ ਮੈਂਬਰ ਕਨੀਮੋਝੀ ਕਰੁਣਾਨਿਧੀ, ਰਾਸ਼ਟਰਵਾਦੀ ਕਾਂਗਰਸ ਪਾਰਟੀ ਦੀ ਸੰਸਦ ਮੈਂਬਰ ਸੁਪ੍ਰੀਆ ਸੁਲੇ ਅਤੇ ਸ਼ਿਵ ਸੈਨਾ ਸੰਸਦ

ਮੈਂਬਰ ਸ਼੍ਰੀਕਾਂਤ ਏਕਨਾਥ ਸ਼ਿੰਦੇ ਕਰਨਗੇ। ਇਹ ਵਫ਼ਦ ਦੁਨੀਆ ਦੇ ਦੇਸ਼ਾਂ ਨੂੰ ਭਾਰਤ ਦੀ ਰਾਸ਼ਟਰੀ ਸਹਿਮਤੀ ਅਤੇ ਦਹਿਸ਼ਤਗਰਦੀ ਦੇ ਸਾਰੇ ਰੂਪਾਂ ਅਤੇ ਪ੍ਰਗਟਾਵਿਆਂ ਨਾਲ ਲੜਨ ਲਈ ਦ੍ਰਿੜ ਰੁਖ ਬਾਰੇ ਜਾਣੂ ਕਰਵਾਏਗਾ। ਇਹ ਵਫ਼ਦ ਦਹਿਸ਼ਤਗਰਦੀ ਵਿਰੁੱਧ ਭਾਰਤ ਦੀ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਬਾਰੇ ਅੰਤਰ-ਰਾਸ਼ਟਰੀ ਭਾਈਚਾਰੇ ਨੂੰ ਇੱਕ ਸਖ਼ਤ ਸੰਦੇਸ਼ ਵੀ ਦੇਵੇਗਾ।

---------------------------------------------------------------

ਭਾਰਤ ਸਰਕਾਰ ਵਲੋਂ ਰਾਜ ਸਭਾ ਮੈਂਬਰ ਅਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੂੰ ਦਹਿਸ਼ਤਗਰਦੀ ਖਿਲਾਫ ਦੇਸ਼ ਦੇ ਰੁਖ ਦੀ ਨੁਮਾਇੰਦਗੀ ਕਰਨ ਵਾਲੇ ਇੱਕ ਰਣਨੀਤਕ ਸੱਤ ਮੈਂਬਰੀ ਵਫ਼ਦ ਦਾ ਹਿੱਸਾ ਬਣਨ ਲਈ ਚੁਣਿਆ ਗਿਆ ਏ । ਡਾ. ਮਿੱਤਲ ਦਾ ਵਫ਼ਦ ਸਪੇਨ, ਗ੍ਰੀਸ, ਸਲੋ-ਵੇਨੀਆ, ਲਾਤ-ਵੀਆ ਅਤੇ ਰੂਸ ਦਾ ਦੌਰਾ ਕਰੇਗਾ । ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ ਕਿ ਇਸ ਮਹੱਤਵਪੂਰਨ ਕੂਟਨੀਤਕ ਮਿਸ਼ਨ 'ਤੇ ਭਾਰਤ ਦੀ ਨੁਮਾਇੰਦਗੀ ਕਰਨਾ ਉਨ੍ਹਾਂ ਲਈ ਸਨਮਾਨ ਦੀ ਗੱਲ ਏ ।

---------------------------------------------------------------

ਸੀਮਾ ਸੁਰੱਖਿਆ ਬਲ (ਬੀਐਸਐਫ) ਨੇ ਐਲਾਨ ਕੀਤਾ ਏ ਕਿ ਪੰਜਾਬ ਸਰਹੱਦ ਦੇ ਨਾਲ ਲੱਗਦੀਆਂ ਤਿੰਨੋਂ ਸਾਂਝੀਆਂ ਚੈੱਕ ਪੋਸਟਾਂ 'ਤੇ

ਰਿਟਰੀਟ ਸਮਾਰੋਹ ਅੱਜ ਤੋਂ ਮੁੜ ਸ਼ੁਰੂ ਹੋਵੇਗਾ। ਬੀਐਸਐਫ ਅਨੁਸਾਰ, ਇਹ ਸਮਾਰੋਹ ਅੱਜ ਤੋਂ ਵਿਸ਼ੇਸ਼ ਤੌਰ 'ਤੇ ਮੀਡੀਆ ਕਰਮਚਾਰੀਆਂ ਲਈ ਖੁੱਲ੍ਹਾ ਹੋਵੇਗਾ, ਅਤੇ ਕੱਲ੍ਹ ਤੋਂ ਆਮ ਲੋਕਾਂ ਲਈ ਦੁਬਾਰਾ ਸ਼ੁਰੂ ਕੀਤਾ ਜਾਵੇਗਾ।

**BYTE**

*ਅਟਾਰੀ, ਹੁਸੈਨੀਵਾਲਾ ਅਤੇ ਸਦੀਕੀ ਵਿਖੇ ਰਿਟਰੀਟ ਸਮਾਰੋਹਾਂ ਨੂੰ ਇਸ ਮਹੀਨੇ ਦੀ 8 ਤਰੀਕ ਨੂੰ ਜਨਤਾ ਲਈ ਮੁਅੱਤਲ ਕਰ ਦਿੱਤਾ ਗਿਆ ਸੀ। ਰਿਟਰੀਟ ਸਮਾਰੋਹ ਨੂੰ ਮੁਅੱਤਲ ਕਰਨ ਦਾ ਫੈਸਲਾ ਭਾਰਤ ਵੱਲੋਂ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਜੰਮੂ-ਕਸ਼ਮੀਰ ਵਿੱਚ ਦਹਿਸ਼ਤਗਰਦੀ ਢਾਂਚੇ ਨੂੰ ਨਿਸ਼ਾਨਾ ਬਣਾਉਂਦੇ ਹੋਏ ਆਪ੍ਰੇਸ਼ਨ ਸਿੰਦੂਰ ਚਲਾਉਣ ਤੋਂ ਇੱਕ ਦਿਨ ਬਾਅਦ ਲਿਆ ਗਿਆ ਸੀ।ਹਾਲਾਂਕਿ, ਸੀਮਾ ਸੁਰੱਖਿਆ ਬਲ ਨੇ ਕਿਹਾ ਏ ਕਿ ਦੋਵਾਂ ਦੇਸ਼ਾਂ ਦੇ ਵਿਚਕਾਰ ਗੇਟ ਭਾਰਤ ਵਾਲੇ ਪਾਸੇ ਬੰਦ ਰਹਿਣਗੇ। ਸੂਰਜ ਢਲਣ ਵੇਲੇ ਝੰਡੇ ਉਤਾਰਨ ਤੋਂ ਬਾਅਦ ਭਾਰਤੀ ਗਾਰਡ ਕਮਾਂਡਰ ਅਤੇ ਪਾਕਿਸਤਾਨ ਰੇਂਜਰਾਂ ਦੇ ਉਸ ਦੇ ਹਮਰੁਤਬਾ ਵਿਚਕਾਰ ਕੋਈ ਰਸਮੀ ਹੱਥ ਮਿਲਾਉਣ ਦੀ ਇਜਾਜ਼ਤ ਨਹੀਂ ਹੋਵੇਗੀ।ਇਸ ਦੇ ਨਾਲ ਹੀ, ਸਰਹੱਦ ਤੇ ਲੱਗੀ ਕੰਡਿਆਲੀ ਤਾਰ ਪਾਰਲੇ ਵਾਲੇ ਖੇਤਾਂ ਵਾਲੇ ਕਿਸਾਨਾਂ ਨੂੰ ਆਪਣੀ ਜ਼ਮੀਨ ਵਾਹੁਣ ਦੀ ਇਜਾਜ਼ਤ ਹੋਵੇਗੀ, ਪਰ ਸਖ਼ਤ ਸ਼ਰਤਾਂ ਅਧੀਨ। ਸੂਤਰਾਂ ਨੇ ਕਿਹਾ ਕਿ ਬੀਐਸਐਫ ਅਧਿਕਾਰੀਆਂ ਨੇ ਵੱਖ-ਵੱਖ ਖੇਤਰਾਂ ਵਿੱਚ ਅਜਿਹੇ ਕਿਸਾਨਾਂ ਨਾਲ ਮੀਟਿੰਗਾਂ ਕੀਤੀਆਂ ਨੇ ਅਤੇ ਜਿਹੜੇ ਕਿਸਾਨ ਆਪਣੀ ਜ਼ਮੀਨ 'ਤੇ ਖੇਤੀ ਕਰਨ ਦੇ ਇੱਛੁਕ ਨੇ, ਉਨ੍ਹਾਂ ਨੂੰ ਅਜਿਹਾ ਕਰਨ ਦੀ ਇਜਾਜ਼ਤ ਦਿੱਤੀ ਜਾਵੇਗੀ ਪਰ ਵਧੇਰੇ ਨਿਗਰਾਨੀ ਹੇਠ ਅਤੇ ਸੀਮਤ ਸਮੇਂ ਲਈ ।*

------------------------------------------------------------

ਵਿਸ਼ਵ ਸਿਹਤ ਸੰਗਠਨ ਨੇ ਜੇਨੇਵਾ ਵਿੱਚ 78ਵੀਂ ਵਿਸ਼ਵ ਸਿਹਤ ਅਸੈਂਬਲੀ ਵਿੱਚ ਭਾਰਤ ਨੂੰ ਜਨਤਕ ਸਿਹਤ ਸਮੱਸਿਆ ਵਜੋਂ ਟ੍ਰੈਕੋਮਾ ਦੇ ਖਾਤਮੇ ਦੇ ਸਰਟੀਫਿਕੇਟ ਨਾਲ ਨਿਵਾਜਿਆ ਏ । ਇਹ ਸਨਮਾਨ ਬਿਮਾਰੀ ਦੇ ਖਾਤਮੇ, ਰੋਕਥਾਮ ਵਾਲੀ ਸਿਹਤ ਸੰਭਾਲ ਅਤੇ ਸਾਰਿਆਂ ਲਈ ਸਿਹਤ ਯਕੀਨੀ ਬਣਾਉਣ ਪ੍ਰਤੀ ਵਚਨਬੱਧਤਾ ਪ੍ਰਤੀ ਭਾਰਤ ਦੇ ਨਿਰੰਤਰ ਯਤਨਾਂ ਦਾ ਪ੍ਰਮਾਣ ਏ । ਵਿਸ਼ਵ ਸਿਹਤ ਸੰਗਠਨ ਨੇ ਪਿਛਲੇ ਸਾਲ 8 ਅਕਤੂਬਰ ਨੂੰ ਐਲਾਨ ਕੀਤਾ ਸੀ ਕਿ ਭਾਰਤ ਸਰਕਾਰ ਨੇ ਟ੍ਰੈਕੋਮਾ ਨੂੰ ਜਨਤਕ

ਸਿਹਤ ਸਮੱਸਿਆ ਵਜੋਂ ਖਤਮ ਕਰ ਦਿੱਤਾ ਏ । ਭਾਰਤ ਇਸ ਜਨਤਕ ਸਿਹਤ ਮੀਲ ਪੱਥਰ ਨੂੰ ਪ੍ਰਾਪਤ ਕਰਨ ਵਾਲਾ ਦੱਖਣ-ਪੂਰਬੀ ਏਸ਼ੀਆ ਖੇਤਰ ਦਾ ਤੀਜਾ ਦੇਸ਼ ਵੀ ਬਣ ਗਿਆ ਏ । ਸਰਕਾਰ ਨੇ ਰਾਸ਼ਟਰੀ ਅੰਨ੍ਹੇਪਣ ਨੂੰ ਕੰਟ੍ਰੋਰ ਕਰਨ ਬਾਰੇ ਪ੍ਰੋਗਰਾਮ ਤਹਿਤ, ਟ੍ਰੈਕੋਮਾ ਨੂੰ ਖਤਮ ਕਰਨ ਲਈ ਕਈ ਕਦਮ ਚੁੱਕੇ ਨੇ । 2019 ਤੋਂ ਬਾਅਦ, ਰਾਸ਼ਟਰੀ ਪ੍ਰੋਗਰਾਮ ਨੇ ਦੇਸ਼ ਦੇ ਸਾਰੇ ਜ਼ਿਲ੍ਹਿਆਂ ਤੋਂ ਇੱਕ ਸਾਂਝੇ ਫਾਰਮੈਟ ਰਾਹੀਂ ਮਾਮਲੇ ਦੀਆਂ  ਰਿਪੋਰਟਾਂ ਇਕੱਠੀਆਂ ਕਰਕੇ ਟ੍ਰੈਕੋਮਾ ਦੇ ਮਾਮਲਿਆਂ ਲਈ ਇੱਕ ਨਿਰੰਤਰ ਨਿਗਰਾਨੀ ਪ੍ਰਣਾਲੀ ਵਿਕਸਤ ਕੀਤੀ ਏ । 2021-24 ਦੌਰਾਨ ਦੇਸ਼ ਦੇ 200 ਸਥਾਨਕ ਜ਼ਿਲ੍ਹਿਆਂ ਵਿੱਚ ਰਾਸ਼ਟਰੀ ਸਰਵੇਖਣ ਕੀਤਾ ਗਿਆ ਸੀ। ਇਹ ਸਰਵੇਖਣ ਵਿਸ਼ਵ ਸਿਹਤ ਸੰਗਠਨ ਦੁਆਰਾ ਨਿਰਧਾਰਤ ਇੱਕ ਹੁਕਮ  ਸੀ।

---------------------------------------------------------------

ਕੇਂਦਰੀ ਸਮਾਜਿਕ ਨਿਆਂ, ਸ਼ਕਤੀਕਰਨ ਅਤੇ ਘੱਟ ਗਿਣਤੀ ਵਿਭਾਗ ਵੱਲੋਂ ਪਟਿਆਲਾ ਸਥਿਤ ਪੰਜਾਬੀ ਯੂਨੀਵਰਸਿਟੀ ਕੈਂਪਸ ਵਿੱਚ ਦੋ ਨਵੇਂ ਹੋਸਟਲਾਂ ਦੇ ਨਿਰਮਾਣ ਨੂੰ ਮਨਜ਼ੂਰੀ ਦਿੱਤੀ ਗਈ ਏ । ਰਜਿਸਟਰਾਰ ਪ੍ਰੋ. ਸੰਜੀਵ ਪੁਰੀ ਨੇ ਇਸ ਬਾਰੇ ਜਣਕਾਰੀ ਦਿੰਦਿਆਂ ਦੱਸਿਆ ਕਿ ਦੋਹੇਂ ਹੋਸਟਲਾਂ ਵਿੱਚ 100-100 ਵਿਦਿਆਰਥੀਆਂ ਲਈ

ਸੀਟਾਂ ਉਪਲਬਧ ਹੋਣਗੀਆਂ। ਉਨ੍ਹਾਂ ਦੱਸਿਆ ਕਿ ਕੁੱਲ 7 ਕਰੋੜ ਰੁਪਏ ਮਨਜ਼ੂਰ ਹੋਏ ਨੇ । ਜ਼ਿਕਰਯੋਗ ਏ ਕਿ ਪੰਜਾਬੀ ਯੂਨੀਵਰਸਿਟੀ, ਪਟਿਆਲਾ ਕੈਂਪਸ ਵਿੱਚ ਵਿਦਿਆਰਥੀਆਂ ਦੀ ਕੁੱਲ ਗਿਣਤੀ 12 ਹਜ਼ਾਰ ਦੇ ਕਰੀਬ ਏ ਪਰ ਮੌਜੂਦਾ ਸਮੇਂ ਸਿਰਫ਼ 5000 ਵਿਦਿਆਰਥੀਆਂ ਲਈ ਹੀ ਹੋਸਟਲ ਰਿਹਾਇਸ਼ ਦੀ ਸਹੂਲਤ ਉਪਲਬਧ ਏ । ਇਸ ਲਈ ਵਿਦਿਆਰਥੀਆਂ ਖਾਸ ਕਰਕੇ ਲੜਕੀਆਂ ਲਈ ਹੋਸਟਲ ਰਿਹਾਇਸ਼ ਦੀ ਵੱਡੀ ਘਾਟ ਏ ਇਸ ਫੈਸਲੇ ਨਾਲ ਹੁਣ ਵਿਦਿਆਰਥੀਆਂ ਨੂੰ ਮਦਦ ਮਿਲੇਗੀ

---

ਅੱਜ ਵਿਸ਼ਵ ਸ਼ਹਿਦ ਮੱਖੀ ਦਿਵਸ ਮਨਾਇਆ ਜਾ ਰਿਹਾ ਏ । ਮਧੂ-ਮੱਖੀਆਂ ਦੀ ਮਹੱਤਤਾ ਅਤੇ ਉਨ੍ਹਾਂ ਦੇ ਯੋਗਦਾਨ ਬਾਰੇ ਜਾਗਰੂਕਤਾ ਪੈਦਾ ਕਰਨ ਲਈ, ਇਹ ਦਿਹਾੜਾ ਹਰ ਸਾਲ 20 ਮਈ ਨੂੰ ਮਨਾਇਆ ਜਾਂਦਾ ਏ। **ਪੇਸ਼ ਏ ਇਕ ਰਿਪੋਰਟ** :

*ਵਿਸ਼ਵ ਸ਼ਹਿਦ ਮੱਖੀ ਦਿਵਸ ਸਲੋਵੇਨੀਅਨ ਮਧੂ-ਮੱਖੀ ਪਾਲਣ ਦੇ ਮੋਢੀ, ਐਂਟੋਨ ਜਾਨਸਾ ਦੇ ਜਨਮ ਦਿਨ 'ਤੇ ਮਨਾਇਆ ਜਾਂਦਾ ਏ , ਜਿਨ੍ਹਾਂ ਆਧੁਨਿਕ ਮਧੂ-ਮੱਖੀ ਪਾਲਣ ਦੇ ਵਿਕਾਸ ਵਿੱਚ ਮੁੱਖ ਭੂਮਿਕਾ ਨਿਭਾਈ।ਮਧੂ-ਮੱਖੀਆਂ ਪਰਾਗਣ ਰਾਹੀਂ ਫਸਲਾਂ ਦੀ ਉਤਪਾਦਕਤਾ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਨੇ, ਜਿਸ ਨਾਲ ਕਿਸਾਨਾਂ ਦੀ ਆਮਦਨ ਵੀ ਵਧਦੀ ਏ। ਇਸ ਦਿਨ, ਭਾਰਤ ਵਿੱਚ ਮਧੂ-ਮੱਖੀਆਂ ਦੀ ਭੂਮਿਕਾ, ਉਨ੍ਹਾਂ ਨੂੰ ਦਰਪੇਸ਼ ਖਤਰਿਆਂ ਅਤੇ ਟਿਕਾਊ ਵਿਕਾਸ ਵਿੱਚ ਉਨ੍ਹਾਂ ਦੇ ਯੋਗਦਾਨ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਵੱਖ-ਵੱਖ ਪ੍ਰੋਗਰਾਮ ਅਤੇ ਗਤੀਵਿਧੀਆਂ ਦਾ ਆਯੋਜਨ ਕੀਤਾ ਜਾਂਦਾ ਏ। ਇਸ ਮੌਕੇ ਮੁੱਖ ਸਮਾਗਮ ਮੋਹਾਲੀ ਵਿਖੇ ਕਰਵਾਇਆ ਗਿਆ । ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ /*BYTE *ਸਰਕਾਰੀ ਅਤੇ ਗੈਰ-ਸਰਕਾਰੀ ਸੰਗਠਨ, ਭਾਰਤ ਵਿੱਚ ਮਧੂ-ਮੱਖੀ ਪਾਲਣ ਨੂੰ*

*ਉਤਸ਼ਾਹਿਤ ਕਰਨ ਅਤੇ ਪੇਂਡੂ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਲਈ ਕਈ ਪ੍ਰੋਗਰਾਮ ਵੀ ਚਲਾ ਰਹੇ ਨੇ । ਜਲੰਧਰ ਤੋਂ ਆਕਾਸ਼ਵਾਣੀ ਖ਼ਬਰਾਂ ਦੇ ਨਾਲ ਮੈਂ ਕਾਜਲ ।*

---------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਗੁਰਤਾ-ਗੱਦੀ ਦਿਵਸ ਸ਼ਰਧਾ ਨਾਲ ਮਨਾਇਆ ਗਿਆ। ਇਸ ਦੌਰਾਨ ਅੰਮ੍ਰਿਤਸਰ ਸਥਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਜਲੌ ਸਜਾਏ ਗਏ। ਵੱਡੀ ਗਿਣਤੀ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਗੁਰਤਾਗੱਦੀ ਦਿਹਾੜੇ ਦੇ ਸਬੰਧ ਵਿਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ । ਇਸੇ ਦੌਰਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜ-ਗੱਜ ਨੇ ਕਿਹਾ ਕਿ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਗੁਰਤਾਗੱਦੀ ’ਤੇ ਬਿਰਾਜਮਾਨ ਹੋਣ ਸਮੇਂ ਸੰਗਤਾਂ ਨੂੰ ਜੋ ਹੁਕਮ ਕੀਤੇ ਸਨ, ਉਹ ਹੁਕਮ ਅੱਜ ਵੀ ਲਾਗੂ ਨੇ । ਉਨ੍ਹਾਂ ਕਿਹਾ ਕਿ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ

ਹਰਿਗੋਬਿੰਦ ਸਾਹਿਬ ਜੀ ਗਵਾਲੀਅਰ ਦੇ ਕਿਲ੍ਹੇ ਤੋਂ ਰਿਹਾਅ ਹੋਏ, ਤਾਂ ਉਨ੍ਹਾਂ ਨੇ 52 ਰਾਜਿਆਂ ਨੂੰ ਵੀ ਕੈਦ ’ਚੋਂ ਰਿਹਾਅ ਕਰਵਾਇਆ ।

----------------------------------------------------------

ਸ੍ਰੀ ਆਨੰਦਪੁਰ ਸਾਹਿਬ ਤੋਂ ਲੋਕ ਸਭਾ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਅੱਜ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਵਿੱਚ ਚੱਲ ਰਹੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਅਤੇ ਭਲਾਈ ਯੋਜਨਾਵਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਅਤੇ ਅਧਿਕਾਰੀਆਂ ਨੂੰ ਵਿਕਾਸ ਕਾਰਜਾਂ ਦੀ ਰਫਤਾਰ ਤੇਜ਼ ਕਰਨ ਅਤੇ ਨਿਰਧਾਰਤ ਸਮੇਂ ਵਿਚ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਵਿਕਾਸ ਤਾਲਮੇਲ ਅਤੇ ਨਿਗਰਾਨੀ ਕਮੇਟੀ ਦੀ ਮੀਟਿੰਗ ਦੌਰਾਨ ਕਿਹਾ ਕਿ ਕੇਂਦਰ ਅਤੇ ਰਾਜ ਸਰਕਾਰ ਦੀਆਂ ਸਕੀਮਾਂ ਨੂੰ ਲਾਗੂ ਕਰਨ ਵਿਚ ਕਿਸੇ ਕਿਸਮ ਦੀ ਦੇਰੀ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜਨਤਕ ਹਿੱਤਾਂ ਨੂੰ ਮੱਦੇਨਜ਼ਰ ਰੱਖਦਿਆਂ ਭਲਾਈ ਸਕੀਮਾਂ ਦਾ ਲਾਭ ਹਰ ਯੋਗ ਲਾਭਪਾਤਰੀ ਤੱਕ ਪੁੱਜਦਾ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਇਨ੍ਹਾਂ ਸਕੀਮਾਂ ਦਾ ਬਣਦਾ ਲਾਭ ਮਿਲ ਸਕੇ।

----------------------------------------------------------

ਅਪ੍ਰੇਸ਼ਨ ਸਿੰਦੂਰ ਦੀ ਸਫਲਤਾ ਦੇ ਜਸ਼ਨ ਵਜੋਂ ਪੰਜਾਬ ਭਰ ਵਿਚ

ਤਿਰੰਗਾ ਯਾਤਰਾ ਕੱਢੀ ਜਾ ਰਹੀ ਏ। ਇਸੇ ਤਹਿਤ ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਬੁਲਾਰੇ ਤਰੁਣ ਚੁੱਘ ਦੀ ਅਗਵਾਈ ਹੇਠ ਅੱਜ ਅੰਮ੍ਰਿਤਸਰ ਵਿੱਚ ਇੱਕ ਵਿਸ਼ਾਲ ਤਿਰੰਗਾ ਯਾਤਰਾ ਦਾ ਆਯੋਜਨ ਕੀਤਾ ਗਿਆ। ਇਹ ਯਾਤਰਾ ਸ਼ਹਿਰ ਦੇ ਵੱਖ-ਵੱਖ ਪ੍ਰਮੁੱਖ ਬਾਜ਼ਾਰਾਂ ਵਿੱਚੋਂ ਲੰਘੀ ਅਤੇ ਇਤਿਹਾਸਕ ਲਾਹੌਰੀ ਗੇਟ 'ਤੇ ਸਮਾਪਤ ਹੋਈ। ਯਾਤਰਾ ਦੌਰਾਨ, ਦੇਸ਼ ਭਗਤੀ ਦੇ ਨਾਅਰਿਆਂ ਅਤੇ ਰਾਸ਼ਟਰੀ ਗੀਤ ਦੀ ਗੂੰਜ ਨੇ ਪੂਰੇ ਮਾਹੌਲ ਨੂੰ ਦੇਸ਼ ਭਗਤੀ ਨਾਲ ਭਰ ਦਿੱਤਾ। ਇਸ ਯਾਤਰਾ ਦੀ ਖਾਸ ਗੱਲ ਇਹ ਸੀ ਕਿ ਇਸ ਵਿੱਚ ਇੱਕ ਵਿਸ਼ਾਲ 100 ਫੁੱਟ ਲੰਬਾ ਤਿਰੰਗਾ ਸ਼ਾਮਲ ਸੀ, ਜੋ ਦੇਸ਼ ਦੀ ਏਕਤਾ ਅਤੇ ਸਨਮਾਨ ਦਾ ਪ੍ਰਤੀਕ ਬਣ ਗਿਆ। ਯਾਤਰਾ ਵਿੱਚ ਸੈਂਕੜੇ ਨਾਗਰਿਕਾਂ, BJP ਵਰਕਰਾਂ ਅਤੇ ਨੌਜਵਾਨਾਂ ਨੇ ਹਿੱਸਾ ਲਿਆ।

---------------------------------------------------------

IPL ਕ੍ਰਿਕਟ ਵਿੱਚ, ਚੇਨਈ ਸੁਪਰ ਕਿੰਗਜ਼ ਦਾ ਮਕਾਬਲੇ ਅੱਜ ਸ਼ਾਮ ਦਿੱਲੀ ਦੇ ਅਰੁਣ ਜੇਤਲੀ ਸਟੇਡੀਅਮ ਵਿੱਚ ਰਾਜਸਥਾਨ ਰਾਇਲਜ਼ ਨਾਲ ਹੋਵੇਗਾ। ਹਾਲਾਂਕਿ, ਦੋਵੇਂ ਟੀਮਾਂ ਪਹਿਲਾਂ ਹੀ ਪਲੇਆਫ ਦੀ ਦੌੜ ਤੋਂ ਬਾਹਰ ਹੋ ਚੁੱਕੀਆਂ ਹਨ। ਲਖਨਊ ਸੁਪਰ ਜਾਇੰਟਸ ਵੀ ਬੀਤੀ ਰਾਤ ਸਨਰਾਈਜ਼ਰਜ਼ ਹੈਦਰਾਬਾਦ ਤੋਂ ਛੇ ਵਿਕਟਾਂ ਨਾਲ ਹਾਰਨ ਤੋਂ ਬਾਅਦ ਪਲੇਆਫ ਦੀ ਦੌੜ ਤੋਂ ਬਾਹਰ ਹੋ ਗਏ ਹਨ।

ਇਸ ਦੇ ਨਾਲ, ਮੁੰਬਈ ਇੰਡੀਅਨਜ਼ ਅਤੇ ਦਿੱਲੀ ਕੈਪੀਟਲਜ਼ ਆਖਰੀ ਪਲੇ-ਆਫ ਮੈਚ ਲਈ ਮੈਦਾਨ ਵਿੱਚ ਬਚੇ ਹਨ। ਗੁਜਰਾਤ ਟਾਈਟਨਜ਼, ਰਾਇਲ ਚੈਲੇਂਜਰਜ਼ ਬੰਗਲੌਰ ਅਤੇ ਪੰਜਾਬ ਕਿੰਗਜ਼ ਪਹਿਲਾਂ ਹੀ ਪਲੇ-ਆਫ ਮੈਚਾਂ ਲਈ ਆਪਣੀ ਜਗ੍ਹਾ ਪੱਕੀ ਕਰ ਚੁੱਕੇ ਹਨ।

--------------------------------------------------------------------------------

• ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ-ਇੱਕ ਸਿਹਤਮੰਦ ਦੁਨੀਆ ਦਾ ਭਵਿੱਖ, ਸ਼ਮੂਲੀਅਤ, ਏਕੀਕ੍ਰਿਤ ਦ੍ਰਿਸ਼ਟੀਕੋਣ ਅਤੇ ਸਹਿਯੋਗ 'ਤੇ ਨਿਰਭਰ ਕਰਦਾ ਏ ।
• ਸੀਮਾ ਸੁਰੱਖਿਆ ਬਲ ਵਲੋਂ ਪੰਜਾਬ ਸਰਹੱਦ ਦੇ ਨਾਲ ਲੱਗਦੀਆਂ ਤਿੰਨੇਂ ਸਾਂਝੀਆਂ ਚੈੱਕ ਪੋਸਟਾਂ 'ਤੇ ਰਿਟਰੀਟ ਸਮਾਗਮ ਆਮ ਲੋਕਾਂ ਲਈ ਕੱਲ੍ਹ ਤੋਂ ਦੁਬਾਰਾ ਸ਼ੁਰੂ ਕੀਤਾ ਜਾਵੇਗਾ ।
• ਵਿਸ਼ਵ ਸਿਹਤ ਸੰਗਠਨ ਨੇ ਭਾਰਤ ਨੂੰ ਜਨਤਕ ਸਿਹਤ ਸਮੱਸਿਆ ਵਜੋਂ ਟ੍ਰੈਕੋਮਾ ਦੇ ਖਾਤਮੇ ਬਾਰੇ ਸਰਟੀਫਿਕੇਟ ਨਾਲ ਨਿਵਾਜਿਆ ।
• ਕੇਂਦਰੀ ਸਮਾਜਿਕ ਨਿਆਂ, ਸ਼ਕਤੀਕਰਨ ਅਤੇ ਘੱਟ ਗਿਣਤੀ ਵਿਭਾਗ ਵੱਲੋਂ ਪਟਿਆਲਾ ਸਥਿਤ ਪੰਜਾਬੀ ਯੂਨੀਵਰਸਿਟੀ ਵਿੱਚ ਦੋ ਨਵੇਂ ਹੋਸਟਲਾਂ ਦੇ ਨਿਰਮਾਣ ਨੂੰ ਮਨਜ਼ੂਰੀ ਦਿੱਤੀ ਗਈ ।

- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਗੁਰਤਾ-ਗੱਦੀ ਦਿਵਸ ਸ਼ਰਧਾ ਭਾਵ ਨਾਲ ਮਨਾਇਆ ਗਿਆ । ਅਤੇ
- IPL ਕ੍ਰਿਕਟ ਵਿੱਚ, ਚੇਨਈ ਸੁਪਰ ਕਿੰਗਜ਼ ਦਾ ਮੁਕਾਬਲਾ ਅੱਜ ਰਾਜਸਥਾਨ ਰਾਇਲਜ਼ ਨਾਲ ਹੋਵੇਗਾ ।

ਇਸਦੇ ਨਾਲ

ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,,,,, ਖਬਰਾਂ ਦਾ ਅ ਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !